# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-04-2024**

- ਭਾਰਤੀ ਰਿਜ਼ਰਵ ਬੈਂਕ ਨੇ ਲਗਾਤਾਰ 7ਵੀਂ ਵਾਰ ਰੈਪੋ ਦਰ ਨੂੰ ਬਰਕਰਾਰ ਰੱਖਿਆ ਏ।
- ਚੋਣ ਕਮਿਸ਼ਨ ਨੇ ਲੋਕ ਸਭਾ ਚੋਣਾਂ ਵਿੱਚ ਵੋਟਰਾਂ ਦੀ ਗਿਣਤੀ ਵਧਾਉਣ ਲਈ, ਜ਼ਿਲ੍ਹਿਆਂ ਦੇ ਮਿਉਂਸਪਲ ਕਮਿਸ਼ਨਰਾਂ ਅਤੇ DEOs ਨਾਲ ਕਾਨਫਰੰਸ ਕੀਤੀ।
- ਫਰੀਦਕੋਟ ਜ਼ਿਲੇ ਵਿਚ ਕੋਟਕਪੂਰਾ-ਮੋਗਾ ਸੜਕ 'ਤੇ ਟੈਂਪੂ ਤੇ ਟਰਾਲੇ ਵਿਚਾਲੇ ਟੱਕਰ ਵਿੱਚ, ਇਕੋ ਪਿੰਡ ਦੇ ਪੰਜ ਜਣਿਆਂ ਦੀ ਮੌਤ ਤੇ ਅੱਠ ਹੋਰ ਗੰਭੀਰ ਜ਼ਖ਼ਮੀ।
- ਬਟਾਲਾ ਪੁਲਿਸ ਨੇ ਕਾਰ ਸਵਾਰ ਪਤੀ-ਪਤਨੀ ਨੂੰ ਗ੍ਰਿਫਤਾਰ ਕਰਕੇ, ਉਹਨਾਂ ਪਾਸੋਂ 30 ਲੱਖ ਰੁਪਏ ਦੀ ਜਾਅਲੀ ਭਾਰਤੀ ਕਰੰਸੀ ਬਰਾਮਦ ਕੀਤੀ।

---

ਭਾਰਤੀ ਰਿਜ਼ਰਵ ਬੈਂਕ RBI ਨੇ ਲਗਾਤਾਰ 7ਵੀਂ ਵਾਰ ਰੈਪੋ ਦਰ ਨੂੰ ਬਰਕਰਾਰ ਰੱਖਿਆ ਏ। ਬੀਤੀ ਪਹਿਲੀ ਮਾਰਚ ਤੋਂ ਸ਼ੁਰੂ ਹੋਏ ਮੌਜੂਦਾ ਵਿੱਤੀ ਸਾਲ ਲਈ, ਪਹਿਲੀ ਦੋਮਾਹੀ ਮੁਦਰਾ ਨੀਤੀ ਦਾ ਐਲਾਨ ਕਰਦੇ ਹੋਏ ਆਰ.ਬੀ.ਆਈ. ਦੇ ਗਵਰਨਰ ਸ਼ਕਤੀਕਾਂਤ ਦਾਸ ਨੇ ਅੱਜ ਸਵੇਰੇ ਕਿਹਾ ਕਿ ਮੁਦਰਾ ਨੀਤੀ ਕਮੇਟੀ ਨੇ, ਰੈਪੋ ਦਰ ਨੂੰ 6.5 ਫੀਸਦੀ 'ਤੇ ਬਰਕਰਾਰ ਰੱਖਣ ਦਾ ਫੈਸਲਾ ਕੀਤਾ ਏ। ਰੈਪੋ ਰੇਟ ਉਹ ਵਿਆਜ ਦਰ ਏ, ਜਿਸ 'ਤੇ ਕਿਸੇ ਦੇਸ਼ ਦਾ ਕੇਂਦਰੀ ਬੈਂਕ ਵਪਾਰਕ ਬੈਂਕਾਂ ਨੂੰ ਪੈਸਾ ਉਧਾਰ ਦਿੰਦਾ ਏ। ਸੀਮਾਂਤ ਸਥਾਈ ਸਹੂਲਤ ਦਰ ਅਤੇ ਬੈਂਕ ਦਰ 6.75 ਫੀਸਦੀ 'ਤੇ ਬਣੀ ਹੋਈ ਏ। ਉਨਾਂ ਕਿਹਾ ਕਿ ਮੌਜੂਦਾ ਵਿੱਤੀ ਸਾਲ 2024 - 25 ਲਈ ਅਸਲ GDP ਵਿਕਾਸ ਦਰ 7 ਫੀਸਦੀ ਰਹਿਣ ਦਾ ਅਨੁਮਾਨ ਏ ਜਦਕਿ CPI ਮਹਿੰਗਾਈ ਦਰ 4. 5 ਫੀਸਦੀ ਰਹਿਣ ਦੀ ਉਮੀਦ ਏ।

---

ਲੋਕ ਸਭਾ ਚੋਣਾਂ ਵਿੱਚ ਪੋਲਿੰਗ ਤੋਂ ਪਹਿਲਾਂ, ਚੋਣ ਕਮਿਸ਼ਨ

ਨੇ, ਪਿਛਲੀਆਂ ਆਮ ਚੋਣਾਂ ਵਿੱਚ ਘੱਟ ਪੋਲ ਭਾਗੀਦਾਰੀ ਵਾਲੇ ਸੰਸਦੀ ਹਲਕਿਆਂ ਵਿੱਚ, ਇਸ ਵਾਰ ਵੋਟਿੰਗ ਵਧਾਉਣ ਦੇ ਯਤਨਾਂ ਨੂੰ ਤੇਜ਼ ਕੀਤਾ ਏ । ਨਿਰਵਾਚਨ ਸਦਨ ਨਵੀਂ ਦਿੱਲੀ ਵਿਖੇ, ਅੱਜ ਆਯੋਜਿਤ 'ਘੱਟ ਵੋਟਰਾਂ ਦੇ ਮਤਦਾਨ ਬਾਰੇ ਕਾਨਫਰੰਸ' ਵਿੱਚ ਮੁੱਖ ਸ਼ਹਿਰਾਂ ਦੇ ਮਿਉਂਸਪਲ ਕਮਿਸ਼ਨਰਾਂ ਅਤੇ ਬਿਹਾਰ ਤੇ ਉੱਤਰ ਪ੍ਰਦੇਸ਼ ਦੇ ਚੋਣਵੇਂ ਜ਼ਿਲ੍ਹਾ ਚੋਣ ਅਫ਼ਸਰਾਂ ਨੇ ਵੋਟਰਾਂ ਦੀ ਸ਼ਮੂਲੀਅਤ ਅਤੇ ਭਾਗੀਦਾਰੀ ਵਧਾਉਣ ਲਈ ਇੱਕ ਰਸਤਾ ਬਣਾਉਣ ਦੇ ਮੰਤਵ ਨਾਲ ਇਕੱਠੇ ਵਿਚਾਰ-ਵਟਾਂਦਰਾ ਕੀਤਾ । ਇਸ ਕਾਨਫਰੰਸ ਦੀ ਪ੍ਰਧਾਨਗੀ ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਦੇ ਨਾਲ, ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਅਤੇ ਸੁਖਬੀਰ ਸਿੰਘ ਸੰਧੂ ਨੇ ਕੀਤੀ । ਕਮਿਸ਼ਨ ਵੱਲੋਂ ਵੋਟਰਾਂ ਦੀ ਬੇਰੁਖੀ ਬਾਰੇ ਇਕ ਕਿਤਾਬਚਾ ਵੀ ਜਾਰੀ ਕੀਤਾ ਗਿਆ । **ਵੇਰਵੇ ਨਾਲ ਇਹ ਰਿਪੋਰਟ :** ***ਦੇਸ਼ ਦੇ 11 ਸੂਬਿਆਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਬਿਹਾਰ, ਉੱਤਰ ਪ੍ਰਦੇਸ਼, ਦਿੱਲੀ ਦੇ NCR, ਮਹਾਰਾਸ਼ਟਰ, ਉੱਤਰਾਖੰਡ, ਤੇਲੰਗਾਨਾ, ਗੁਜਰਾਤ, ਪੰਜਾਬ , ਰਾਜਸਥਾਨ, ਜੰਮੂ-ਕਸ਼ਮੀਰ ਅਤੇ ਝਾਰਖੰਡ ਵਿੱਚ ਲੋਕ ਸਭਾ***

ਦੀਆਂ 2019 ਦੀਆਂ ਆਮ ਚੋਣਾਂ ਵਿੱਚ 67. 40% ਦੀ ਰਾਸ਼ਟਰੀ ਔਸਤ ਨਾਲੋਂ ਘੱਟ ਵੋਟਿੰਗ ਸੀ। 2019 ਵਿੱਚ ਰਾਸ਼ਟਰੀ ਔਸਤ ਨਾਲੋਂ ਘੱਟ ਮਤਦਾਨ ਵਾਲੇ ਇਨਾਂ 11 ਸੂਬਿਆਂ ਵਿੱਚ ਕੁੱਲ 50 ਪੇਂਡੂ ਸੰਸਦੀ ਹਲਕਿਆਂ ਵਿੱਚੋਂ 40 ਸੰਸਦੀ ਹਲਕੇ ਉੱਤਰ ਪ੍ਰਦੇਸ਼ ਦੇ 22 ਅਤੇ ਬਿਹਾਰ ਦੇ 18 ਸੰਸਦੀ ਹਲਕੇ ਨੇ।ਨਗਰ ਨਿਗਮ ਕਮਿਸ਼ਨਰਾਂ ਅਤੇ ਡੀਈਓਜ਼ ਨੂੰ ਸੰਬੋਧਨ ਕਰਦਿਆਂ ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ ਕਿ ਘੱਟ ਵੋਟਰਾਂ ਵਾਲੇ ਕੁੱਲ 266 ਸੰਸਦੀ ਹਲਕਿਆਂ (215 ਦਿਹਾਤੀ ਅਤੇ 51 ਸ਼ਹਿਰੀ) ਦੀ ਪਛਾਣ ਕੀਤੀ ਗਈ ਏ ਅਤੇ ਸਾਰੇ ਸਬੰਧਤ ਨਗਰ ਨਿਗਮ ਕਮਿਸ਼ਨਰਾਂ, ਡੀਈਓਜ਼ ਅਤੇ ਰਾਜ ਦੇ ਸੀਈਓਜ਼ ਨੂੰ ਨਿਸ਼ਾਨਾਬੱਧ ਤਰੀਕੇ ਨਾਲ ਵੋਟਰਾਂ ਤੱਕ ਪਹੁੰਚਣ ਦੇ ਤਰੀਕੇ ਦਸੇ ਗਏ ਨੇ। ਉਨਾਂ ਪੋਲਿੰਗ ਸਟੇਸ਼ਨਾਂ 'ਤੇ ਸਹੂਲਤ ਪ੍ਰਦਾਨ ਕਰਨ ਦੀ ਤਿੰਨ ਪੱਖੀ ਰਣਨੀਤੀ 'ਤੇ ਜ਼ੋਰ ਦਿੱਤਾ ਜਿਵੇਂ ਕਤਾਰ ਪ੍ਰਬੰਧਨ, ਭੀੜ-ਭੜੱਕੇ ਵਾਲੇ ਖੇਤਰਾਂ ਵਿੱਚ ਪਾਰਕਿੰਗ; ਨਿਸ਼ਾਨਾ ਪਹੁੰਚ ਤੇ ਸੰਚਾਰ; ਅਤੇ ਲੋਕਾਂ ਨੂੰ ਪੋਲਿੰਗ ਸਟੇਸ਼ਨਾਂ 'ਤੇ ਆਉਣ ਲਈ ਮਨਾਉਣ ਲਈ ਆਰ.ਡਬਲਯੂ.ਏ., ਸਥਾਨਕ ਪ੍ਰਤੀਕ ਅਤੇ ਨੌਜਵਾਨ

ਪ੍ਰਭਾਵਕ ਵਰਗੇ ਨਾਜ਼ੁਕ ਹਿੱਸੇਦਾਰਾਂ ਦੀ ਸ਼ਮੂਲੀਅਤ ਸ਼ਾਮਲ ਏ । ਵੋਟਿੰਗ ਵਧਾਉਣ ਲਈ ਦਿੱਤੇ ਹੋਰਨਾਂ ਸੁਝਾਵਾਂ ਵਿਚ ਸ਼ਾਮਲ ਏ - ਜ਼ਰੂਰੀ ਚੋਣ ਸੰਦੇਸ਼ਾਂ ਨਾਲ ਸ਼ਿੰਗਾਰੇ ਜਨਤਕ ਟ੍ਰਾਂਸਪੋਰਟ ਅਤੇ ਸੈਨੀਟੇਸ਼ਨ ਵਾਹਨਾਂ ਨੂੰ ਰੋਲ ਆਊਟ ਕਰਨਾ । ਵਿਆਪਕ ਪ੍ਰਸਾਰ ਲਈ ਉਪਯੋਗਤਾ ਬਿੱਲਾਂ ਵਿੱਚ ਵੋਟਰ ਜਾਗਰੂਕਤਾ ਸੰਦੇਸ਼ਾਂ ਨੂੰ ਸ਼ਾਮਲ ਕਰਨਾ । ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ ਅਤੇ ਵੋਟਰ ਜਾਗਰੂਕਤਾ ਫੋਰਮ ਨਾਲ ਸਹਿਯੋਗ ਕਰਨਾ । ਪਾਰਕਾਂ, ਬਾਜ਼ਾਰਾਂ ਅਤੇ ਮਾਲਾਂ ਵਰਗੀਆਂ ਪ੍ਰਸਿੱਧ ਜਨਤਕ ਥਾਵਾਂ 'ਤੇ ਜਾਣਕਾਰੀ ਭਰਪੂਰ ਸੈਸ਼ਨਾਂ ਦੀ ਮੇਜ਼ਬਾਨੀ ਕਰਨਾ । ਵੋਟਰਾਂ ਦੀ ਰੁਚੀ ਨੂੰ ਜਗਾਉਣ ਲਈ ਮੈਰਾਥਨ, ਵਾਕਥੌਨ ਅਤੇ ਸਾਈਕਲੋਥੌਨ ਵਰਗੇ ਦਿਲਚਸਪ ਸਮਾਗਮਾਂ ਦਾ ਆਯੋਜਨ ਕਰਨਾ । ਵੋਟਰ ਸਿੱਖਿਆ ਸਮੱਗਰੀ ਦਾ ਪ੍ਰਸਾਰ ਕਰਨ ਲਈ ਹੋਰਡਿੰਗਜ਼, ਡਿਜੀਟਲ ਸਪੇਸ, ਕਿਓਸਕ, ਅਤੇ ਕਾਮਨ ਸਰਵਿਸ ਸੈਂਟਰ ਸਮੇਤ ਵੱਖ-ਵੱਖ ਪਲੇਟਫਾਰਮਾਂ ਦੀ ਵਰਤੋਂ ਕਰਨਾ । ਵੋਟਰਾਂ ਦੀ ਵਿਆਪਕ ਪਹੁੰਚ ਅਤੇ ਸ਼ਮੂਲੀਅਤ ਲਈ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਸ਼ਕਤੀ ਦਾ

***<u>ਲਾਭ ਉਠਾਉਣਾ । ਬਿਊਰੋ ਰਿਪੋਰਟ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ</u>***

---------------------------------------------------------------

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਦੇ ਮਕਸਦ ਤਹਿਤ ਗੁਰਦਾਸਪੁਰ ਦੇ ਐੱਸ.ਐੱਸ.ਪੀ.ਹਰੀਸ਼ ਦਾਯਮਾ ਦੀ ਅਗਵਾਈ ਹੇਠ ਅੱਜ ਪੰਜਾਬ ਪੁਲਿਸ ਅਤੇ ਬੀ.ਐੱਸ.ਐੱਫ . ਦੇ ਜਵਾਨਾਂ ਨੇ ਸਰਹੱਦੀ ਖੇਤਰ ਅੰਦਰ ਬਹਿਰਾਮਪੁਰ, ਦੌਰਾਂਗਲਾ ਸਮੇਤ ਹੋਰਨਾਂ ਇਲਾਕਿਆਂ ਵਿਚ ਫਲੈਗ ਮਾਰਚ ਕੱਢਿਆ। ਇਹ ਫਲੈਗ ਮਾਰਚ ਥਾਣਾ ਬਹਿਰਾਮਪੁਰ ਤੋਂ ਸ਼ੁਰੂ ਹੋਇਆ। ਹਰੀਸ਼ ਦਾਯਮਾ ਨੇ ਦੱਸਿਆ ਕਿ ਫਲੈਗ ਮਾਰਚ ਦਾ ਮੰਤਵ, ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਰਿਹਾ ਅਤੇ ਇਸਦੇ ਨਾਲ ਹੀ ਲੋਕਾਂ ਨੂੰ ਆਦਰਸ਼ ਚੋਣ ਜ਼ਾਬਤੇ ਦੀ ਇੰਨ-ਬਿੰਨ ਪਾਲਣਾ ਕਰਨ ਦਾ ਸੁਨੇਹਾ ਵੀ ਦਿੱਤਾ ਗਿਆ। ਐੱਸ ਐੱਸ ਪੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਸਮੁੱਚੀ ਟੀਮ ਇਨ੍ਹਾਂ ਚੋਣਾਂ ਨੂੰ ਨਿਰਪੱਖ ਢੰਗ ਨਾਲ ਕਰਾਉਣ ਲਈ ਪੂਰੀ ਤਰ੍ਹਾਂ ਤਿਆਰ ਏ ਅਤੇ ਲੋਕਾਂ ਨੂੰ ਕਿਸੇ ਤੋਂ ਵੀ ਡਰਨ ਜਾਂ ਦਬਾਅ ਵਿੱਚ ਆਉਣ ਦੀ ਬਿਲਕੁਲ ਵੀ ਜ਼ਰੂਰਤ ਨਹੀਂ ਏ।

---------------------------------------------------------

ਫਰੀਦਕੋਟ ਦੇ ਜ਼ਿਲ੍ਹਾ ਚੋਣ ਅਫ਼ਸਰ ਵਿਨੀਤ ਕੁਮਾਰ ਦੀ ਅਗਵਾਈ ਤਹਿਤ ਅਮਰ ਆਸ਼ਰਮ ਵਿਖੇ, ਜਿਲੇ ਦੇ ਸਰਕਾਰੀ ਸਕੂਲਾਂ ਦੇ ਸਮੂਹ ਪ੍ਰਿੰਸੀਪਲ, ਮੁੱਖ ਅਧਿਆਪਕ, ਮਿਡਲ ਸਕੂਲਾਂ ਦੇ ਇੰਚਾਰਜ, ਸਕੂਲਾਂ ਵਿਚ ਕੰਮ ਕਰਦੇ ਈਕੋ ਕਲੱਬਾਂ ਦੇ ਇੰਚਾਰਜ ਤੇ ਪ੍ਰਾਈਮਰੀ ਸਕੂਲਾਂ ਦੇ ਅਧਿਆਪਕਾਂ ਦੀ ਅੱਜ ਇਕ ਵਰਕਸ਼ਾਪ ਲਾਈ ਗਈ। ਇਸ ਮੌਕੇ ਸਵੀਪ ਦੇ ਜਿਲ੍ਹਾ ਨੋਡਲ ਅਫਸਰ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਪ੍ਰਦੀਪ ਦਿਓੜਾ ਅਤੇ ਜਸਵੀਰ ਸਿੰਘ ਜੱਸੀ ਸਹਾਇਕ ਜਿਲ੍ਹਾ ਨੋਡਲ ਅਫਸਰ ਨੇ ਲੋਕ ਸਭਾ ਚੋਣਾਂ ਲਈ ਚੋਣ ਕਮਿਸ਼ਨ ਵੱਲੋਂ ਦਿੱਤੇ ਸਲੋਗਨ 'ਅਬ ਕੀ ਬਾਰ 70 ਪਾਰ" ਤਹਿਤ ਸਭ ਨੂੰ ਉਤਸ਼ਾਹਿਤ ਕਰਦੇ ਹੋਏ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਿੱਥੇ ਅਸੀਂ ਆਪਣੀ ਵੋਟ ਖੁਦ ਪਾਈਏ ਉਥੇ ਨਿਰੰਤਰ ਦੂਜਿਆਂ ਨੂੰ ਵੀ ਵੋਟ ਪਾਉਣ ਦੇ ਅਧਿਕਾਰ ਬਾਰੇ ਜਾਗਰੂਕ ਕਰੀਏ। ਉਨ੍ਹਾਂ ਕਿਹਾ ਕਿ 85 ਸਾਲ ਤੋਂ ਵੱਧ ਉਮਰ ਦੇ ਸੀਨੀਅਰ ਸਿਟੀਜਨ ਜੇਕਰ ਚਾਹੁਣ ਤਾਂ ਉਹ ਆਪਣੀ ਵੋਟ ਘਰ ਬੈਠ ਕੇ ਵੀ ਪਾ ਸਕਦੇ ਨੇ।

---------------------------------------------------------------

ਬਠਿੰਡਾ ਲੋਕ ਸਭਾ ਹਲਕੇ ਵਿਚ, ਸ਼੍ਰੋਮਣੀ ਅਕਾਲੀ ਦਲ ਨੂੰ ਝਟਕਾ ਦਿੰਦੇ ਹੋਏ ਕਈ ਕੌਂਸਲਰ ਅੱਜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਚੰਡੀਗੜ੍ਹ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਇਆ। ਬਠਿੰਡਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਵਿੱਚ ਕੌਂਸਲਰ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਬਠਿੰਡਾ ਸ਼ਹਿਰੀ ਤੋਂ ਵਿਧਾਇਕ ਜਗਰੂਪ ਸਿੰਘ ਗਿੱਲ ਵੀ ਮੌਜੂਦ ਰਹੇ।

---------------------------------------------------------------

ਭਾਰਤੀ ਜਨਤਾ ਪਾਰਟੀ ਜ਼ਿਲਾ ਜਲੰਧਰ ਦੇ ਪ੍ਰਧਾਨ, ਸੁਸ਼ੀਲ ਸ਼ਰਮਾ ਦੀ ਪ੍ਰਧਾਨਗੀ ਹੇਠ ਜਲੰਧਰ ਲੋਕ ਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਅਤੇ ਪੱਛਮੀ ਹਲਕੇ ਦੇ ਵਿਧਾਇਕ ਸ਼ੀਤਲ ਅੰਗੁਰਾਲ ਦਾ ਕਲ BJP ਦਫਤਰ ਸ਼ੀਤਲਾ ਮਾਤਾ ਮੰਦਰ ਪਹੁੰਚਣ 'ਤੇ BJP ਵਰਕਰਾਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਅਤੇ ਰਾਜੇਸ਼ ਕਪੂਰ

ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸੁਸ਼ੀਲ ਸ਼ਰਮਾ ਨੇ ਕਿਹਾ ਕਿ ਸ਼ਹਿਰ ਵਿੱਚ BJP ਦੇ ਵਧਦੇ ਸਮਰਥਨ ਨੂੰ ਦੇਖਦਿਆਂ, ਜਿੱਥੇ ਪਾਰਟੀ ਵਰਕਰਾਂ ਦਾ ਮਨੋਬਲ ਉੱਚਾ ਹੋ ਗਿਆ ਏ, ਉੱਥੇ ਹੀ ਵਿਰੋਧੀ ਪਾਰਟੀਆਂ ਵੀ ਪੂਰੀ ਤਰ੍ਹਾਂ ਬੇਚੈਨ ਹੋ ਗਈਆਂ ਨੇ। ਇਸ ਮੌਕੇ ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਉਹ, ਜਲੰਧਰ ਦੇ ਲੋਕਾਂ ਦੀ ਸੇਵਾ ਲਈ ਹਮੇਸ਼ਾ ਵਚਨਬੱਧ ਨੇ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਦੇਸ਼ ਵਿੱਚ ਵਿਕਾਸ ਦੀ ਗਤੀ ਨੂੰ ਤੇਜ਼ ਕਰਨ ਨੂੰ ਪਹਿਲ ਦਿੱਤੀ ਏ। ਸ਼ੀਤਲ ਅੰਗੁਰਾਲ ਨੇ ਕਿਹਾ ਕਿ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਬਿਨਾਂ ਕਿਸੇ ਭੇਦਭਾਵ, ਦੇਸ਼ ਦਾ ਵਿਕਾਸ ਕੀਤਾ ਏ ਅਤੇ ਕੇਂਦਰ ਦੀਆਂ ਲਾਭਕਾਰੀ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਏ।

---------------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ, ਤਿੰਨ ਵਿਧਾਨ ਸਭਾ ਹਲਕਾ ਇੰਚਾਰਜਾਂ ਦਾ ਐਲਾਨ ਕੀਤਾ ਏ। ਸੀਨੀਅਰ ਅਕਾਲੀ ਆਗੂ ਜਸਪਾਲ ਸਿੰਘ ਗਿਆਸ-ਪੁਰਾ ਨੂੰ, ਲੁਧਿਆਣਾ (ਦੱਖਣੀ) ਵਿਧਾਨ ਸਭਾ ਹਲਕੇ ਦਾ ਇੰਚਾਰਜ, ਜਗਬੀਰ ਸਿੰਘ ਸੋਖੀ ਨੂੰ ਆਤਮ

ਨਗਰ ਵਿਧਾਨ ਸਭਾ ਹਲਕੇ ਅਤੇ ਵਿਪਨ ਕੁਮਾਰ ਕਾਕਾ ਸੂਦ ਨੂੰ, ਲੁਧਿਆਣਾ (ਕੇਂਦਰੀ) ਹਲਕੇ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਏ।

---------------------------------------------------------

ਫਰੀਦਕੋਟ ਜ਼ਿਲੇ ਵਿਚ ਕੋਟਕਪੂਰਾ-ਮੋਗਾ ਸੜਕ ਤੇ ਪਿੰਡ ਪੰਜ ਗਰਾਈਂ ਕੋਲ ਬੀਤੀ ਰਾਤ ਇੱਕ ਟੈਂਪੂ ਤੇ ਟਰਾਲੇ ਵਿਚਾਲੇ ਹੋਈ ਜਬਰਦਸਤ ਟੱਕਰ ਵਿੱਚ ਇਕੋ ਪਿੰਡ ਦੇ ਪੰਜ ਜਣਿਆਂ ਦੀ ਮੌਤ ਹੋ ਗਈ ਅਤੇ ਅੱਠ ਹੋਰ ਗੰਭੀਰ ਜ਼ਖ਼ਮੀ ਹੋ ਗਏ। ਜਖਮੀਆਂ ਨੂੰ ਇਲਾਜ ਲਈ, ਕੋਟਕਪੂਰਾ ਤੇ ਫ਼ਰੀਦਕੋਟ ਦੇ ਹਸਪਤਾਲਾਂ ਵਿੱਚ ਦਾਖ਼ਲ ਕਰਵਾਇਆ ਗਿਆ ਏ। ਜਾਣਕਾਰੀ ਅਨੁਸਾਰ ਸ਼੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਕਸਬਾ ਸਾਦਿਕ ਨੇੜੇ ਪਿੰਡ ਮਰਾੜ ਦੇ ਰਹਿਣ ਵਾਲੇ ਇਹ ਲੋਕ, ਬਾਘਾ ਪੁਰਾਣਾ ਦੇ ਪਿੰਡ ਨਿਗਾਹੇ ਵਿਖੇ ਇੱਕ ਧਾਰਮਿਕ ਸਥਾਨ 'ਤੇ ਮੱਥਾ ਟੇਕਣ ਤੋਂ ਬਾਅਦ ਵਾਪਸ ਪਰਤ ਰਹੇ ਸਨ ਕਿ ਕੋਟਕਪੂਰਾ ਤੋਂ ਜਾ ਰਹੇ ਇੱਕ ਟਰਾਲੇ ਨੇ ਉਨਾਂ ਦੇ ਟੈਂਪੂ ਨੂੰ ਆਪਣੀ ਲਪੇਟ ਵਿਚ ਲੈ ਲਿਆ। ਤਿੰਨ ਜਣਿਆਂ ਦੀ ਮੌਤ ਸਿਵਲ ਹਸਪਤਾਲ ਵਿਚ ਹੋਈ ਜਦਕਿ ਗੰਭੀਰ ਹਾਲਤ ਵਿੱਚ

ਬਠਿੰਡਾ ਭੇਜੇ ਗਏ ਦੋ ਜਣੇ ਵੀ ਚੱਲ ਵਸੇ। ਮ੍ਰਿਤਕਾਂ ਵਿਚ ਤਿੰਨ ਮਰਦ ਅਤੇ ਦੋ ਔਰਤਾਂ ਸ਼ਾਮਲ ਨੇ। ਪੁਲਿਸ ਨੇ ਮਾਮਲਾ ਦਰਜ਼ ਕਰ ਲਿਆ ਏ ਅਤੇ ਅਗਲੇਰੀ  ਜਾਂਚ ਜਾਰੀ ਏ।

-----------------------------------------------

ਇਸ ਦੌਰਾਨ ਗੁਰਦਾਸਪੁਰ 'ਚ ਮੋਟਰਸਾਈਕਲ 'ਤੇ ਜਾ ਰਹੇ 2 ਦੋਸਤਾਂ ਦੀ ਸਫੈਦੇ ਦੇ ਦਰੱਖਤ ਨਾਲ ਟਕਰਾਉਣ ਨਾਲ ਮੌਤ ਹੋ ਗਈ । ਦੋਵੇਂ ਦੋਸਤ ਪੰਡੋਰੀ ਰੋਡ 'ਤੇ ਸਥਿਤ, ਵੱਖ-ਵੱਖ ਪਿੰਡਾਂ ਦੇ ਵਸਨੀਕ ਸਨ । ਇਨ੍ਹਾਂ ਵਿੱਚੋਂ ਇੱਕ ਵਿਆਹਿਆ ਹੋਇਆ ਅਤੇ 2 ਛੋਟੇ ਬੱਚਿਆਂ ਦਾ ਪਿਤਾ ਦੱਸਿਆ ਜਾਂਦਾ ਏ । ਪ੍ਰਾਪਤ ਜਾਣਕਾਰੀ ਅਨੁਸਾਰ ਉਹ ਦਵਾਈ ਲੈਣ ਲਈ ਘਰੋਂ ਨਿਕਲੇ ਸਨ, ਜਦੋਂ ਉਹ ਪਿੰਡ ਲਖਨ-ਪਾਲ ਕੋਲ ਪੁੱਜੇ ਤਾਂ ਉਨ੍ਹਾਂ ਦਾ ਤੇਜ਼ ਰਫ਼ਤਾਰ ਮੋਟਰਸਾਈਕਲ ਸੜਕ ਕਿਨਾਰੇ ਲੱਗੇ ਸਫੈਦੇ ਦੇ ਦਰੱਖਤ ਨਾਲ ਟਕਰਾ ਗਿਆ। ਇਹ ਟੱਕਰ ਇੰਨੀ ਜ਼ਬਰਦਸਤ ਸੀ ਕਿ ਮੋਟਰਸਾਈਕਲ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਟੁੱਟ ਗਿਆ। ਰਾਹਗੀਰਾਂ ਨੇ ਤੁਰੰਤ ਦੋਵੇਂ ਗੰਭੀਰ ਜ਼ਖਮੀ ਨੌਜਵਾਨਾਂ ਨੂੰ ਬੱਬਰੀ ਦੇ ਸਰਕਾਰੀ ਹਸਪਤਾਲ ਪਹੁੰਚਾਇਆ ਪਰ ਲਵਪ੍ਰੀਤ ਸਿੰਘ ਨੇ ਹਸਪਤਾਲ ਲਿਜਾਂਦੇ

ਸਮੇਂ ਰਸਤੇ 'ਚ ਹੀ ਦਮ ਤੋੜ ਦਿੱਤਾ, ਜਦਕਿ ਸੰਦੀਪ ਕੁਮਾਰ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਸਰਕਾਰੀ ਹਸਪਤਾਲ ਦੇ ਡਾਕਟਰਾਂ ਨੇ ਉਸ ਨੂੰ ਸ਼ਹਿਰ ਦੇ ਨਿੱਜੀ ਹਸਪਤਾਲ ਲਈ ਰੈਫਰ ਕਰ ਦਿੱਤਾ, ਜਿੱਥੇ 30 ਸਾਲਾ ਸੰਦੀਪ ਕੁਮਾਰ ਨੂੰ ਵੀ ਡਾਕਟਰਾਂ ਨੇ ਮ੍ਰਿਤਕ ਐਲਾਨ ਦਿੱਤਾ।

---------------------------------------------------

ਲੁਧਿਆਣਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਿਹਾ ਏ ਕਿ ਇਸ ਸੀਜ਼ਨ ਦੌਰਾਨ, ਕਣਕ ਦੀ ਨਿਰਵਿਘਨ ਖਰੀਦ ਅਤੇ ਚੁਕਾਈ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਪੁਖਤਾ ਪ੍ਰਬੰਧ ਕੀਤੇ ਨੇ । ਉਨ੍ਹਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਖਰੀਦ ਅਤੇ ਚੁਕਾਈ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ, ਖੁਰਾਕ, ਸਿਵਲ ਅਤੇ ਸਪਲਾਈ ਵਿਭਾਗ ਦੇ ਅਧਿਕਾਰੀਆਂ ਦੇ ਨਾਲ-ਨਾਲ, ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰਾਂ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ । ਉਨਾਂ ਦੱਸਿਆ ਕਿ ਖਰੀਦ ਦੇ ਸਾਰੇ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਜਾ ਚੁੱਕਾ ਏ ਅਤੇ ਮੰਡੀਆਂ ਵਿੱਚੋਂ ਇੱਕ-ਇੱਕ ਦਾਣਾ ਚੁੱਕਿਆ ਜਾਵੇਗਾ। ਹਾਲਾਂਕਿ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਅਜੇ ਤੱਕ ਕਣਕ ਦੀ ਆਮਦ ਨਹੀਂ ਹੋਈ ਏ। ਉਨ੍ਹਾਂ ਕਿਹਾ ਕਿ ਸਮੂਹ ਸਬੰਧਤ

ਧਿਰਾਂ ਦੇ ਸਰਗਰਮ ਸਹਿਯੋਗ ਨਾਲ ਨਿਰਵਿਘਨ ਖਰੀਦ ਯਕੀਨੀ ਬਣਾਉਣ ਲਈ ਯਤਨ ਕੀਤੇ ਜਾ ਰਹੇ ਨੇ ਅਤੇ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰਾਂ ਨੂੰ ਵੀ ਹਦਾਇਤ ਕੀਤੀ ਗਈ ਏ ਕਿ ਸੀਜ਼ਨ ਦੌਰਾਨ, ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

----------------------------------------------------

ਬਟਾਲਾ ਪੁਲਿਸ ਨੇ ਇਕ ਕਾਰ ਸਵਾਰ ਪਤੀ-ਪਤਨੀ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ 30 ਲੱਖ ਰੁਪਏ ਦੀ ਜਾਅਲੀ ਭਾਰਤੀ ਕਰੰਸੀ ਬਰਾਮਦ ਕੀਤੀ ਏ। ਬਟਾਲਾ ਪੁਲਿਸ ਜ਼ਿਲੇ ਦੇ ਐਸ ਐਸ ਪੀ ਅਸ਼ਵਨੀ ਗੋਟਿਆਲ ਨੇ ਦੱਸਿਆ ਕਿ ਬੀਤੀ ਦੇਰ ਰਾਤ ਅੰਮ੍ਰਿਤਸਰ-ਗੁਰਦਾਸਪੁਰ-ਪਠਾਨਕੋਟ ਮੁਖ ਮਾਰਗ ਤੇ ਪਿੰਡ ਸੈਦ ਮੁਬਾਰਕ ਨੇੜੇ ਗੁਪਤ ਸੂਚਨਾ ਤੇ ਨਾਕਾ ਲਗਾਇਆ ਹੋਇਆ ਸੀ। ਇਸ ਦੌਰਾਨ ਜਦੋਂ ਇੱਕ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਗਈ, ਤਾਂ ਉਸ ਵਿੱਚੋਂ 27 ਲੱਖ ਦੀ ਜਾਅਲੀ ਕਰੰਸੀ ਬਰਾਮਦ ਕੀਤੀ ਗਈ। ਮੁਲਜਮਾਂ ਦੀ ਪਛਾਣ ਸੁਖਬੀਰ ਸਿੰਘ ਅਤੇ ਉਸਦੀ ਪਤਨੀ ਗੁਰਇੰਦਰ ਕੌਰ ਵਾਸੀ ਜਿਲਾ ਅੰਮ੍ਰਿਤਸਰ ਵਜੋਂ ਕੀਤੀ ਗਈ ਏ। ਉਨਾਂ ਦਸਿਆ ਕਿ ਪੁਛਗਿੱਛ ਮਗਰੋਂ ਮੁਜਰਿਮਾਂ ਦੇ ਘਰੋਂ ਤਿੰਨ

ਲੱਖ ਰੁਪੈ ਦੇ ਹੋਰ ਜਾਅਲੀ ਨੋਟ ਮਿਲੇ। ਪੁਲਿਸ ਨੇ ਜਾਅਲੀ ਕਰੰਸੀ ਤਿਆਰ ਕਰਨ ਵਾਲਾ ਪ੍ਰਿੰਟਰ, ਪੇਪਰ ਤੇ ਹੋਰ ਸਾਮਾਨ ਵੀ ਜਬਤ ਕੀਤਾ ਏ। ਇਹਨਾਂ ਵਲੋਂ ਇਹ ਨੋਟ ਖੁਦ ਹੀ ਤਿਆਰ ਕੀਤੇ ਜਾਂਦੇ ਸਨ ਅਤੇ 500 ਰੁਪੇ ਦੇ ਨੋਟ ਵਾਲੀ ਇਹ ਕਰੰਸੀ, ਹਿਮਾਚਲ ਪ੍ਰਦੇਸ਼ ਵਿਚ ਭੇਜੀ ਜਾਣੀ  ਸੀ।

----------------------------------------------------------

ਸ੍ਰੀ ਮੁਕਤਸਰ ਸਾਹਿਬ ਜ਼ਿਲੇ ਵਿਚ ਨਰਮੇ ਦੀ ਫ਼ਸਲ ਤੇ ਚਿੱਟੀ ਮੱਖੀ, ਮਿਲੀ-ਬੱਗ ਅਤੇ ਲੀਫ਼ ਕਰਲ ਵਾਇਰਸ ਦੇ ਹਮਲੇ ਦੀ ਅਗਾਊ ਰੋਕਥਾਮ ਲਈ, ਨਦੀਨ ਨਸ਼ਟ ਕਰਨ ਸਬੰਧੀ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਅਹਿਮ ਉਪਰਾਲੇ ਕੀਤੇ ਜਾ ਰਹੇ ਨੇ । ਜ਼ਿਲੇ ਦੇ ਮੁੱਖ ਖੇਤੀਬਾੜੀ ਅਫ਼ਸਰ ਗੁਰਨਾਮ ਸਿੰਘ ਨੇ ਦੱਸਿਆ ਕਿ ਨਰਮੇ ਦੀ ਬਿਜਾਈ ਤੋ ਪਹਿਲਾ ਚਿੱਟੀ ਮੱਖੀ ਖੇਤਾਂ ਦੀਆਂ ਵੱਟਾਂ, ਖਾਲੇ, ਪਹੀਆਂ, ਖਾਲੀ ਥਾਂਵਾ, ਸ਼ੜਕਾਂ ਦੇ ਕਿਨਾਰਿਆਂ, ਖਾਲੀ ਜ਼ਮੀਨ, ਪਲਾਟ, ਨਹਿਰਾਂ, ਕੱਸੀਆਂ ਅਤੇ ਡਰੇਨਾਂ ਵਿੱਚ ਉੱਗੇ ਨਦੀਨਾਂ ਅਤੇ ਹੋਰ ਫਸਲਾਂ ਉਪਰ ਪੱਲਦੀ ਰਹਿੰਦੀ ਏ । ਨਰਮੇ ਦੀ ਬਿਜਾਈ

ਉਪਰੰਤ ਇਹ ਚਿੱਟੀ ਮੱਖੀ ਨਰਮੇ ਦੀ ਫਸਲ ਤੇ ਹਮਲਾ ਕਰ ਦਿੰਦੀ ਏ। ਇਸ ਲਈ ਚਿੱਟੀ ਮੱਖੀ ਦੇ ਪਨਾਹਗੀਰ ਨਦੀਨ ਪੀਲੀ ਬੂਟੀ, ਪੁੱਠ ਕੰਡਾਂ, ਧਤੂਰਾ, ਦੋਧਕ, ਮਿਲਕ ਵੀਡ, ਬਾਥੂ, ਕੰਗੀ ਬੂਟੀ, ਚਲਾਈ, ਗੁਵਾਰਾ

ਫਲੀ, ਭੰਬੋਲਾਂ, ਤਾਦਲਾਂ, ਗੁਲਾਬੀ, ਹੁਲਹੁਲ, ਮਾਕੜੂ ਵੇਲ, ਗਾਜਰ ਘਾਹ ਅਤੇ ਭੰਗ ਨਰਮੇਂ ਦੀ ਬਿਜਾਈ ਤੋ ਪਹਿਲਾਂ ਨਸ਼ਟ ਕਰਨੇ ਬਹੁਤ ਜਰੂਰੀ ਨੇ। ਅਜਿਹਾ ਕਰਨ ਨਾਲ ਚਿੱਟੀ ਮੱਖੀ ਦਾ ਸਰਕਲ ਟੁਟ ਜਾਵੇਗਾ ਅਤੇ ਨਰਮੇਂ ਦੀ ਫ਼ਸਲ ਤੇ ਹਮਲਾ ਘੱਟ ਹੋਵੇਗਾ।

---

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਭਾਰਤੀ ਰਿਜ਼ਰਵ ਬੈਂਕ ਨੇ ਲਗਾਤਾਰ 7ਵੀਂ ਵਾਰ ਰੈਪੋ ਦਰ ਨੂੰ ਬਰਕਰਾਰ ਰੱਖਿਆ ਏ।
- ਚੋਣ ਕਮਿਸ਼ਨ ਨੇ ਲੋਕ ਸਭਾ ਚੋਣਾਂ ਵਿੱਚ ਵੋਟਰਾਂ ਦੀ ਗਿਣਤੀ ਵਧਾਉਣ ਲਈ, ਜ਼ਿਲ੍ਹਿਆਂ ਦੇ ਮਿਉਂਸਪਲ ਕਮਿਸ਼ਨਰਾਂ ਅਤੇ DEOs ਨਾਲ ਕਾਨਫਰੰਸ ਕੀਤੀ।

- ਫਰੀਦਕੋਟ ਜ਼ਿਲੇ ਵਿਚ ਕੋਟਕਪੂਰਾ-ਮੋਗਾ ਸੜਕ 'ਤੇ ਟੈਂਪੂ ਤੇ ਟਰਾਲੇ ਵਿਚਾਲੇ ਟੱਕਰ ਵਿੱਚ, ਇਕੋ ਪਿੰਡ ਦੇ ਪੰਜ ਜਣਿਆਂ ਦੀ ਮੌਤ ਤੇ ਅੱਠ ਹੋਰ ਗੰਭੀਰ ਜ਼ਖ਼ਮੀ।
- ਬਟਾਲਾ ਪੁਲਿਸ ਨੇ ਕਾਰ ਸਵਾਰ ਪਤੀ-ਪਤਨੀ ਨੂੰ ਗ੍ਰਿਫਤਾਰ ਕਰਕੇ, ਉਹਨਾਂ ਪਾਸੋਂ 30 ਲੱਖ ਰੁਪਏ ਦੀ ਜਾਅਲੀ ਭਾਰਤੀ ਕਰੰਸੀ ਬਰਾਮਦ ਕੀਤੀ।